ਜਲੰਧਰ ਅਜੀਤ, ਜਲੰਧਰ ਅਜੀਤ ਸ਼ੁੱਕਰਵਾਰ, 14 ਅਗਸਤ, 2026

ਪੀ. ਏ. ਪੀ. ਚੌਕ ਤੋਂ ਬਿਧੀਪੁਰ ਫਾਟਕ ਤੱਕ ਹਾਈਵੇ, ਸਰਵਿਸ ਰੋਡ ਦਾ ਫ਼ੌਰੀ ਕੀਤਾ ਜਾਵੇ ਸੁਧਾਰ

ਮੇਅਰ ਨੇ ਗ਼ਡਕਰੀ ਨੂੰ ਲਿਖੀ ਚਿੱਠੀ-ਐਨ. ਐੱਚ. ਏ. ਆਈ. ਅਧਿਕਾਰੀ ਦੀ ਵੀ ਕੀਤੀ ਸ਼ਿਕਾਇਤ

ਜਲੰਧਰ, 13 ਅਗਸਤ (ਸ਼ਿਵ)- ਆਮ ਆਦਮੀ ਪਾਰਟੀ ਪਾਰਟੀ ਦੇ ਉੱਤਰੀ ਹਲਕੇ ਦਾ ਇੰਚਾਰਜ ਲੱਗਣ ਤੋਂ ਬਾਅਦ ਮੇਅਰ ਵਨੀਤ ਧੀਰ ਨੇ ਜਲੰਧਰ ਤੋਂ ਲੰਘਦੇ ਹਾਈਵੇ ਦੀ ਮਾੜੀ ਹਾਲਤ ਨੂੰ ਲੈ ਸਗੋਂ ਇਸ ਖ਼ਰਾਬ

ਕਿਹਾ, ਇਸ ਰਸਤੇ 'ਤੇ ਜਾਣ ਵਾਲੇ ਲੋਕਾਂ ਦੀ ਸੁਰੱਖਿਆ ਬਣਾਉਣ ਲਈ ਅਫ਼ਸਰ ਗੰਭੀਰ ਨਹੀਂ

ਰਸਤੇ ਨੂੰ ਠੀਕ ਕਰਨ ਵਿਚ ਢਿੱਲ ਵਰਤ ਰਹੇ ਐਨ. ਐੱਚ. ਏ. ਆਈ. ਦੇ ਇਕ ਅਧਿਕਾਰੀ ਵਾਲੀ ਸ਼ਿਕਾਇਤ ਕੇਂਦਰੀ ਮੰਤਰੀ ਸ੍ਰੀ ਨਿਤਿਨ ਗ਼ਡਕਰੀ ਨੂੰ ਚਿੱਠੀ ਲਿਖੀ ਹੈ। ਉਨਾਂ ਵਲੋਂ ਲਿਖੀ ਚਿੱਠੀ ਵਿਚ ਕਿਹਾ ਗਿਆ ਹੈ ਕਿ ਲੋਕਾਂ ਦੀ ਸੁਰੱਖਿਆ ਲਈ ਐਨ. ਐੱਚ.-44 ਦੇ ਇਸ ਹਿੱਸੇ ਦੀ ਫ਼ੌਰੀ ਤੌਰ 'ਤੇ ਮੁਰੰਮਤ ਕਰਵਾਈ ਜਾਵੇ। ਮੇਅਰ ਨੇ ਐਨ. ਐੱਚ. ਏ. ਆਈ ਦੇ ਡਿਪਟੀ ਪ੍ਰੋਜੈਕਟ ਮੈਨੇਜਰ 'ਤੇ ਗੈਰ-ਜਿੰਮੇਵਾਰਾਨਾ ਰਵੱਈਆ ਅਪਣਾਉਣ ਅਤੇ ਜਨਤਕ ਸੁਰੱਖਿਆ ਨਾਲ ਖਿਲਵਾੜ ਕਰਨ ਦੇ ਗੰਭੀਰ ਦੋਸ਼ ਲਗਾਏ ਹਨ। ਮੇਅਰ ਵੱਲੋਂ 12 ਅਗਸਤ 2026 ਨੂੰ ਜਾਰੀ ਪੱਤਰ 'ਚ ਕਿਹਾ ਗਿਆ ਹੈ ਕਿ ਪੀ. ਏ. ਪੀ. ਚੌਕ ਤੋਂ ਬਿਧੀਪੁਰ ਤੱਕ ਐਨ. ਐੱਚ.-44 ਦੀ ਹਾਲਤ ਬਹੁਤ ਮਾੜੀ ਹੋ ਚੁੱਕੀ ਹੈ। ਸੜਕ 'ਤੇ ਡੂੰਘੇ

ਟੋਏ ਪੈ ਗਏ ਹਨ, ਸਟਰੀਟ ਲਾਈਟਾਂ ਨਹੀਂ ਹਨ ਅਤੇ ਲਗਾਤਾਰ ਪਾਣੀ ਭਰਿਆ ਰਹਿੰਦਾ ਹੈ। ਇਹ ਸੜਕ ਰੋਜ਼ਾਨਾ ਹਜ਼ਾਰਾਂ ਵਾਹਨਾਂ ਦੇ ਆਵਾਜਾਈ ਦਾ ਮਾਧਿਅਮ ਹੈ ਅਤੇ ਸ਼੍ਰੀ ਹਰਿਮੰਦਰ ਸਾਹਿਬ, ਵੈਸ਼ਨੋ ਦੇਵੀ ਮੰਦਿਰ ਅਤੇ ਸ਼੍ਰੀ ਅਮਰਨਾਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਦਾ ਮੁੱਖ ਰਸਤਾ ਵੀ ਹੈ। ਮੇਅਰ ਨੇ ਲਿਖਿਆ ਕਿ ਨੁਕਸਾਨ ਦਾ ਜਾਇਜ਼ਾ ਲੈਣ ਤੋਂ ਬਾਅਦ ਉਨ੍ਹਾਂ ਨੇ ਐਨ. ਐੱਚ. ਦੇ ਪ੍ਰੋਜੈਕਟ ਮੈਨੇਜਰ ਅਤੇ ਤਕਨੀਕੀ ਟੀਮਾਂ ਨਾਲ ਸਾਂਝੀਆਂ ਮੀਟਿੰਗਾਂ ਕਰਕੇ ਪੰਪਿੰਗ ਸਟੇਸ਼ਨ ਲਈ ਜ਼ਮੀਨ ਸਮੇਤ ਪੂਰਾ ਨਗਰ ਨਿਗਮ ਨੇ ਸਹਿਯੋਗ ਦੇਣ ਦੀ ਪੇਸ਼ਕਸ਼ ਕੀਤੀ ਸੀ ਪਰ ਐਨ. ਐੱਚ.ਏ. ਆਈ. ਦੇ ਡਿਪਟੀ ਪ੍ਰੋਜੈਕਟ ਮੈਨੇਜਰ ਸ਼ਾਂਤਨੂ ਨੇ ਪੂਰੀ ਤਰ੍ਹਾਂ ਅਸਹਿਯੋਗ ਵਾਲਾ ਰਵੱਈਆ ਅਪਣਾਇਆ। ਪੱਤਰ ਅਨੁਸਾਰ ਸ਼ਾਂਤਨੂ ਨੇ ਜਨਤਕ ਸੁਰੱਖਿਆ ਦੀ ਪ੍ਰਵਾਹ ਨਾ ਕਰਦੇ ਹੋਏ ਆਪਣੇ ਫ਼ਰਜ਼ਾਂ ਦੀ ਅਣਦੇਖੀ ਕੀਤੀ ਅਤੇ ਉਨਾਂ ਵੱਲੋਂ ਦਿੱਤੇ ਗਏ ਹੱਲ ਲਾਗੂ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ। ਉਨ੍ਹਾਂ ਦੇ ਇਸ ਰਵੱਈਏ ਕਾਰਨ ਇਸ ਅਹਿਮ ਸੜਕ ਦੀ ਮੁਰੰਮਤ ਦਾ ਕੰਮ ਪੂਰੀ ਤਰ੍ਹਾਂ ਠੱਪ ਪਿਆ ਹੈ। ਮੇਅਰ ਵਨੀਤ ਧੀਰ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੀ. ਏ. ਪੀ. ਚੌਕ ਤੋਂ ਬਿਧੀਪੁਰ ਤੱਕ ਤੁਰੰਤ ਐਮਰਜੈਂਸੀ

ਨਿਤਿਨ ਗਡਕਰੀ, ਵਨੀਤ ਧੀਰ

ਮੁਰੰਮਤ ਅਤੇ ਨਾਲੀ ਦਾ ਕੰਮ ਕਰਵਾਇਆ ਜਾਵੇ ਤਾਂ ਜੋ ਆਵਾਜਾਈ ਸੁਰੱਖਿਅਤ ਹੋ ਸਕੇ। ਇਸ ਦੇ ਨਾਲ ਹੀ ਡਿਪਟੀ ਪ੍ਰੋਜੈਕਟ ਮੈਨੇਜਰ ਸ਼ਾਂਤਨੂ ਖ਼ਿਲਾਫ਼ ਫ਼ਰਜ਼ਾਂ ਦੀ ਉਲੰਘਣਾ ਅਤੇ ਗੈਰ-ਸਹਿਯੋਗ ਲਈ ਸਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇ।

ਮੇਅਰ ਨੇ ਕਿਹਾ ਕਿ ਇਸ ਸੜਕ ਦੀ ਖ਼ਸਤਾ ਹਾਲਤ ਕਾਰਨ ਹਰ ਰੋਜ਼ ਆਮ ਲੋਕਾਂ ਅਤੇ ਸ਼ਰਧਾਲੂਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕਿਸੇ ਵੀ ਵਕਤ ਵੱਡਾ ਹਾਦਸਾ ਹੋ ਸਕਦਾ ਹੈ। ਉਨ੍ਹਾਂ ਉਮੀਦ ਜਤਾਈ ਕਿ ਕੇਂਦਰ ਦਾ ਤੁਰੰਤ ਦਖ਼ਲ ਲੋਕਾਂ ਨੂੰ ਰਾਹਤ ਦੇਵੇਗਾ।

ਸਰਵਿਸ ਰੋਡ 'ਤੇ ਲੋਕ ਹੁੰਦੇ ਨੇ ਹਾਦਸੇ ਦਾ ਸ਼ਿਕਾਰ

ਬਾਰਸ਼ ਪੈਣ ਤੋਂ ਬਾਅਦ ਜਲੰਧਰ ਤੋਂ ਲੰਘਦੇ ਹਾਈਵੇ ਦੀ ਹਾਲਤ ਹੋਰ ਵੀ ਖ਼ਰਾਬ ਹੋ ਜਾਂਦੀ ਹੈ ਕਿਉਂਕਿ ਇਸ ਰਸਤੇ ਤੋਂ ਲੰਘਣ ਵਾਲੇ ਲੋਕ ਹਾਦਸੇ ਦਾ ਸ਼ਿਕਾਰ ਵੀ ਹੁੰਦੇ ਰਹੇ ਹਨ। ਇਲਾਕਾ ਵਾਸੀਆਂ ਤੇ ਸਨਅਤਕਾਰਾਂ ਵਲੋਂ ਮੰਗ ਕੀਤੀ ਜਾ ਚੁੱਕੀ ਹੈ ਕਿ ਸਰਵਿਸ ਰੋਡ ਦੀ ਹਾਲਤ ਵਿਚ ਸੁਧਾਰ ਕੀਤਾ ਜਾ ਸਕੇ ਪਰ ਅਜੇ ਐਨ. ਐੱਚ. ਏ. ਆਈ. ਅਧਿਕਾਰੀਆਂ ਵਲੋਂ ਇਸ ਮਾਮਲੇ ਵਿਚ ਕੋਈ ਕਦਮ ਨਹੀਂ ਉਠਾਏ ਗਏ ਹਨ ਜਦਕਿ ਪਾਣੀ ਭਰਨ ਵੇਲੇ ਮੋਟਰਾਂ ਲਗਾ ਕੇ ਪਾਣੀ ਨਿਕਾਸੀ ਕਰਨੀ ਚਾਹੀਦੀ ਹੈ ਕਿਉਂਕਿ ਸਰਵਿਸ ਰੋਡ 'ਤੇ ਪਾਣੀ ਨਿਕਾਸੀ ਨਾ ਹੋਣ ਕਰਕੇ ਲੋਕਾਂ ਦਾ ਲੰਘਣਾ ਔਖਾ ਹੋ ਰਿਹਾ ਹੈ ਸਗੋਂ ਪਠਾਨਕੋਟ ਚੌਕ ਤੋਂ ਲੈ ਕੇ ਰਸਤਾ ਖ਼ਰਾਬ ਹੋਣ ਕਾਰਨ ਕਈ ਥਾਵਾਂ ਤੋਂ ਰਸਤਾ ਬੰਦ ਹੋ ਗਿਆ ਹੈ।

ਗਣੇਸ਼ ਚਤੁਰਥੀ ਦੇ ਸੰਬੰਧ 'ਚ ਪੂਰੇ ਦੇਸ਼ ਕਰਵਾਏ ਜਾਂਦੇ ਸਮਾਗਮ ਦੌਰਾਨ ਸ਼ਰਧਾਲੂ ਲੋਕ ਆਪੋ ਆਪਣੇ ਘਰਾਂ 'ਚ ਭਗਵਾਨ ਗਣੇਸ਼ ਦੀ ਮੂਰਤੀ ਸਥਾਪਤ ਕਰਦੇ ਹਨ ਤੇ ਪੂਜਾ ਕਰਨ ਉਪਰੰਤ ਗਣੇਸ਼ ਜੀ ਦੀ ਮੂਰਤੀ ਨੂੰ ਜਲ ਪ੍ਰਵਾਹ ਵੀ ਕਰਦੇ ਹਨ। ਜਲੰਧਰ ਦੇ ਗੁਰੂ ਨਾਨਕ ਮਿਸ਼ਨ ਚੌਕ ਨੇੜੇ ਮੂਰਤੀਆਂ ਤਿਆਰ ਕਰਨ ਵਾਲੀ ਇੱਕ ਮਹਿਲਾ ਭਗਵਾਨ ਗਣੇਸ਼ ਦੀ ਮੂਰਤੀ ਨੂੰ ਤਿਆਰ ਕਰਦੀ ਹੋਈ ਨਜ਼ਰ ਆ ਰਹੀ ਹੈ। ਵੇਰਵਾ-ਪਵਨ ਖਰਬੰਦਾ

ਅਮਰੀ ਨੇ ਹਮਲੇ ਦੀ ਕੀਤੀ ਨਿੰਦਾ

ਜਲੰਧਰ, 13 ਅਗਸਤ (ਸ਼ਿਵ)- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸਕੱਤਰ ਅਮਰਜੀਤ ਸਿੰਘ ਅਮਰੀ ਨੇ ਸੁਖਬੀਰ ਸਿੰਘ ਬਾਦਲ 'ਤੇ ਹਮਲੇ ਦੀ ਸਖਤ ਨਿੰਦਾ ਕਰਦੇ ਹੋਏ ਕਿਹਾ ਹੈ ਕਿ ਲੋਕਤੰਤਰ ਵਿਚ ਹਿੰਸਾ ਲਈ ਕੋਈ ਥਾਂ ਨਹੀਂ ਹੈ। ਇਸ ਤਰਾਂ ਦੀਆਂ ਸਾਜਿਸ਼ਾਂ ਨੂੰ ਸਫਲ ਨਹੀਂ ਹੋਣ ਦਿੱਤਾ ਜਾਣਾ ਚਾਹੀਦਾ ਹੈ।ਅਮਰੀ ਨੇ ਕਿਹਾ ਕਿ ਇਸ ਮਾਮਲੇ ਵਿਚ ਜਾਂਚ ਕਰਕੇ ਸਾਰੀ ਸੱਚਾਈ ਸਾਹਮਣੇ ਲਿਆਉਣੀ ਚਾਹੀਦੀ ਹੈ। ਸ. ਅਮਰੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ(ਬ) ਦੇ ਪ੍ਰਧਾਨ 'ਤੇ ਇਹ ਦੂਜਾ ਹਮਲਾ ਹੈ। ਉਨ੍ਹਾਂ ਦੀ ਸੁਰੱਖਿਆ ਵਿਵਸਥਾ 'ਤੇ ਵੀ ਸਵਾਲ ਖੜੇ ਹੋ ਗਏ ਹਨ।

ਸੀ. ਟੀ. ਯੂਨੀਵਰਸਿਟੀ ਵਿਖੇ ਮਨਾਏ ਗਏ ਤੀਆਂ ਦੇ ਤਿਉਹਾਰ ਮੌਕੇ ਗਿੱਧਾ ਪਾਉਂਦੀ ਮੁਟਿਆਰ ਤੇ ਪੀਂਘ ਝੂਟਦੀਆਂ ਮੁਟਿਆਰਾਂ। ਅਜੀਤ ਤਸਵੀਰ

ਸੀ. ਟੀ. ਯੂਨੀਵਰਸਿਟੀ ਵਿਖੇ ਧੂਮ-ਧਾਮ ਨਾਲ ਮਨਾਇਆ ਤੀਆਂ ਦਾ ਤਿਉਹਾਰ

ਜਲੰਧਰ, 13 ਅਗਸਤ (ਜਸਪਾਲ ਸਿੰਘ)-ਸੀ. ਟੀ. ਯੂਨੀਵਰਸਿਟੀ ਵਿਖੇ ਤੀਆਂ-2026 ਦਾ ਤਿਉਹਾਰ ਪੰਜਾਬੀ ਸੱਭਿਆਚਾਰ, ਰੰਗਾਂ, ਸੰਗੀਤ ਅਤੇ ਰਵਾਇਤੀ ਰੀਤੀ-ਰਿਵਾਜਾਂ ਦੀ ਖ਼ੂਬਸੂਰਤ ਝਲਕ ਨਾਲ ਮਨਾਇਆ ਗਿਆ । ਡਿਵੀਜ਼ਨ ਆਫ਼ ਸਟੂਡੈਂਟ ਵੈਲਫੇਅਰ ਵੱਲੋਂ ਮਲਟੀਪਰਪਜ਼ ਹਾਲ ਵਿਖੇ ਕਰਵਾਏ ਗਏ ਇਸ ਸ਼ਾਨਦਾਰ ਸਮਾਗਮ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਪੰਜਾਬੀ ਸੱਭਿਆਚਾਰ ਤੇ ਆਪਸੀ ਮਿਲਵਰਤਣ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ । ਤੀਆਂ ਦੇ ਜਸ਼ਨ ਲਈ ਮਲਟੀਪਰਪਜ਼ ਹਾਲ ਨੂੰ ਰੰਗ-ਬਿਰੰਗੇ ਸਜਾਵਟੀ ਸਮਾਨ ਨਾਲ ਸਜਾਇਆ ਗਿਆ, ਜਿਸ ਨੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਦੀ ਖ਼ੂਬਸੂਰਤ ਤਸਵੀਰ ਪੇਸ਼ ਕੀਤੀ। ਸਮਾਗਮ ਦਾ ਮੁੱਖ ਆਕਰਸ਼ਣ ਵਿਦਿਆਰਥੀਆਂ ਵਲੋਂ ਪੇਸ਼ ਕੀਤੀਆਂ ਸੱਭਿਆਚਾਰਕ ਪੇਸ਼ਕਾਰੀਆਂ ਰਹੀਆਂ। ਪੰਜਾਬੀ ਲੋਕ ਨਾਚ, ਗਿੱਧਾ, ਸੰਗੀਤ ਅਤੇ ਹੋਰ ਰਵਾਇਤੀ ਪੇਸ਼ਕਾਰੀਆਂ ਰਾਹੀਂ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਨੂੰ ਪੇਸ਼ ਕੀਤਾ। ਰਵਾਇਤੀ ਪਹਿਰਾਵੇ ਅਤੇ ਤਿਉਹਾਰੀ ਸਜਾਵਟ ਨੇ ਸਮਾਗਮ ਦੀ ਰੌਣਕ ਨੂੰ ਹੋਰ ਵਧਾ ਦਿੱਤਾ। ਇਸ ਤੋਂ ਇਲਾਵਾ ਤੀਆਂ ਨਾਲ ਸਬੰਧਤ ਵਿਸ਼ੇਸ਼ ਸਟਾਲ ਵੀ ਲਗਾਏ ਗਏ ਤੇ ਖਾਣ-ਪੀਣ ਦੇ ਸਟਾਲਾਂ 'ਤੇ ਵੱਖ-ਵੱਖ ਸੁਆਦੀ ਪਕਵਾਨ ਉਪਲਬਧ ਸਨ, ਜਦਕਿ ਮਹਿੰਦੀ ਦੇ ਸਟਾਲਾਂ 'ਤੇ ਵਿਦਿਆਰਥੀਆਂ ਨੇ ਆਪਣੇ ਹੱਥਾਂ 'ਤੇ ਖ਼ੂਬਸੂਰਤ ਰਵਾਇਤੀ ਡਿਜ਼ਾਈਨ ਬਣਵਾਏ। ਰੰਗ-ਬਿਰੰਗੀਆਂ ਚੂੜੀਆਂ ਦੇ ਸਟਾਲ ਨੇ ਵੀ ਤੀਆਂ ਦੀ ਰਵਾਇਤੀ ਰੌਣਕ ਨੂੰ ਹੋਰ ਵਧਾਇਆ। ਡਾ. ਨਿਤਿਨ ਟੰਡਨ, ਵਾਈਸ ਚਾਂਸਲਰ, ਸੀ ਟੀ ਯੂਨੀਵਰਸਿਟੀ ਤੇ ਇੰਜੀ. ਦਵਿੰਦਰ ਸਿੰਘ, ਡਾਇਰੈਕਟਰ, ਡਿਵੀਜ਼ਨ ਆਫ਼ ਸਟੂਡੈਂਟ ਵੈਲਫੇਅਰ ਨੇ ਕਿਹਾ, "ਤੀਆਂ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਸਾਡੀ ਸੱਭਿਆਚਾਰਕ ਵਿਰਾਸਤ, ਰਿਸ਼ਤਿਆਂ ਅਤੇ ਸਾਂਝੀ ਖੁਸ਼ੀ ਦਾ ਸੁੰਦਰ ਜਸ਼ਨ ਹੈ ਤੇ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਆਪਣੀਆਂ ਰਵਾਇਤਾਂ ਨੂੰ ਜਾਣਨ ਅਤੇ ਉਨ੍ਹਾਂ ਦੀ ਕਦਰ ਕਰਨ ਦਾ ਮੌਕਾ ਦਿੰਦੇ ਹਨ ।

ਪਾਣੀ, ਸੀਵਰੇਜ ਬਿੱਲਾਂ ਦੀ ਵਸੂਲੀ ਲਈ ਮਾਡਲ ਟਾਊਨ ਵਿਚ ਕਾਰਵਾਈ

ਜਲੰਧਰ, 13 ਅਗਸਤ (ਸ਼ਿਵ)- ਨਗਰ ਨਿਗਮ ਜਲੰਧਰ ਦੇ ਮੇਅਰ ਸਾਹਿਬ ਸ੍ਰੀ ਵਨੀਤ ਧੀਰ ਜੀ, ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਅਤੇ ਸੰਯੁਕਤ ਕਮਿਸ਼ਨਰ ਡਾ. ਸੁਮਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਵਾਟਰ ਰੇਟ ਰਿਕਵਰੀ ਬਰਾਂਚ ਵੱਲੋਂ ਮਾਡਲ ਟਾਊਨ ਅਤੇ ਨਾਲ ਲੱਗਦੇ ਇਲਾਕਿਆਂ ਵਿਚ ਸਥਿਤ ਸ਼ੋ-ਰੂਮਾਂ, ਵਪਾਰਕ ਅਦਾਰਿਆਂ ਦੇ ਬਕਾਇਆ ਪਾਣੀ ਅਤੇ ਸੀਵਰੇਜ ਬਿੱਲਾਂ ਦੀ ਵਸੂਲੀ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਕਾਰਵਾਈ ਦੌਰਾਨ ਬਕਾਇਆ ਰਕਮ ਦੀ ਵਸੂਲੀ ਕੀਤੀ ਗਈ ਅਤੇ ਜਿਨ੍ਹਾਂ ਡਿਫਾਲਟਰਾਂ ਵੱਲੋਂ ਬਕਾਇਆ ਬਿੱਲਾਂ ਦੀ ਅਦਾਇਗੀ ਨਹੀਂ ਕੀਤੀ ਗਈ, ਉਨ੍ਹਾਂ ਵਿਰੁੱਧ ਨਿਯਮਾਂ ਅਨੁਸਾਰ ਪਾਣੀ ਅਤੇ ਸੀਵਰੇਜ ਕਨੈਕਸ਼ਨ ਕੱਟਣ ਦੀ ਕਾਰਵਾਈ ਵੀ ਕੀਤੀ ਗਈ। ਇਸ ਕਾਰਵਾਈ ਦੌਰਾਨ ਡਿਫਾਲਟਰ ਖਪਤਕਾਰਾਂ ਵੱਲੋਂ 1.60 ਲੱਖ ਦੀ ਬਕਾਇਆ ਰਕਮ ਜਮਾਂ ਕਰਵਾਈ ਗਈ। ਬਾਕੀ ਡਿਫਾਲਟਰਾਂ ਨੂੰ ਵੀ ਬਕਾਇਆ ਬਿਲ ਤੁਰੰਤ ਜਮਾਂ ਕਰਵਾਉਣ ਲਈ ਹਦਾਇਤ ਕੀਤੀ ਗਈ ਅਤੇ ਕੁਝ ਖਪਤਕਾਰਾਂ ਵੱਲੋਂ ਇੱਕ ਹਫ਼ਤੇ ਦੇ ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਉਣ ਦਾ ਭਰੋਸਾ ਦਿੱਤਾ ਗਿਆ। ਨਗਰ ਨਿਗਮ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਬਕਾਇਆ ਪਾਣੀ ਅਤੇ ਸੀਵਰੇਜ ਬਿੱਲਾਂ ਦੀ ਵਸੂਲੀ ਲਈ ਅਜਿਹੀਆਂ ਕਾਰਵਾਈਆਂ ਆਉਣ ਵਾਲੇ ਦਿਨਾਂ ਵਿਚ ਵੀ ਜਾਰੀ ਰਹਿਣਗੀਆਂ। ਨਗਰ ਨਿਗਮ ਜਲੰਧਰ ਵੱਲੋਂ ਸਮੂਹ ਖਪਤਕਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਪਾਣੀ ਅਤੇ ਸੀਵਰੇਜ ਦੇ ਬਕਾਇਆ ਬਿਲ ਸਮੇਂ ਸਿਰ ਜਮ੍ਹਾਂ ਕਰਵਾਉਣ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਵਿਭਾਗੀ, ਨਿਯਮਾਂ ਅਨੁਸਾਰ ਕਾਰਵਾਈ ਤੋਂ ਬਚਿਆ ਜਾ ਸਕੇ।

ਕੁਨੈਕਸ਼ਨ ਕੱਟਣ ਦੀ ਕਾਰਵਾਈ ਦੌਰਾਨ ਅਸ਼ਵਨੀ ਗਿੱਲ ਤੇ ਹੋਰ। ਤਸਵੀਰ. ਜੀ. ਪੀ. ਸਿੰਘ

ਆਪਣੇ ਨਿਵਾਸ ਸਥਾਨ 'ਤੇ ਤਿਰੰਗਾ ਝੰਡਾ ਲਹਿਰਾਉਂਦੇ ਹੋਏ ਭਾਰਤੀ ਜਨਤਾ ਪਾਰਟੀ ਦੇ ਸਾਬਕਾ ਵਿਧਾਇਕ ਕ੍ਰਿਸ਼ਨ ਦੇਵ ਭੰਡਾਰੀ ਤੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਭਾਜਪਾ ਸ਼ਹਿਰੀ ਦੇ ਪ੍ਰਧਾਨ ਅਸ਼ੋਕ ਸਰੀਨ। ਤਸਵੀਰ. ਮੁਨੀਸ਼

ਲਾਲ ਬਾਜ਼ਾਰ ਵਿਚ ਬਿਜਲੀ ਬੰਦ ਹੋਣ ਤੋਂ ਨਾਰਾਜ਼ ਦੁਕਾਨਦਾਰਾਂ ਵਲੋਂ ਪ੍ਰਦਰਸ਼ਨ

ਕਿਹਾ, ਢਾਈ ਮਹੀਨੇ ਤੋਂ ਰੋਜ਼ਾਨਾ ਦਿਨ ਵੇਲੇ ਬੰਦ ਰਹਿੰਦੀ ਹੈ ਬਿਜਲੀ

ਜਲੰਧਰ, 13 ਅਗਸਤ (ਸ਼ਿਵ)- ਪਿਛਲੇ ਡੇਢ ਮਹੀਨੇ ਤੋਂ ਦਿਨ ਵੇਲੇ ਬਿਜਲੀ ਬੰਦ ਹੋਣ ਤੋਂ ਨਾਰਾਜ਼ ਲਾਲ ਬਾਜ਼ਾਰ ਦੇ ਸਰਾਫ਼ਾ ਕਾਰੋਬਾਰੀਆਂ ਵਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਲੋਕਾਂ ਨੇ ਕਿਹਾ ਕਿ ਕਈ ਬਾਰ ਤਾਂ ਬਿਜਲੀ ਸਪਲਾਈ ਐਨੀ ਜ਼ਿਆਦਾ ਮਾੜੀ ਹੁੰਦੀ ਹੈ ਕਿ ਦੁਕਾਨਦਾਰਾਂ ਦੇ ਕਈ ਉਪਕਰਨ ਸੜ ਗਏ ਹਨ। ਸਵਰਨਕਾਰ ਸੰਘ ਦੇ ਚੇਅਰਮੈਨ ਸ਼ਿਵ ਚੌਹਾਨ, ਦੀਪਕ ਨਿੱਛਲ ਤੇ ਵਰੁਨ ਚੋਪੜਾ ਤੇ ਹੋਰ ਦੁਕਾਨਦਾਰਾਂ ਦਾ ਕਹਿਣਾ ਸੀ ਕਿ ਉਹ ਕਈ ਬਾਰ ਪਾਵਰਕਾਮ ਦੇ ਅਧਿਕਾਰੀਆਂ ਨੂੰ ਮੰਗ ਕਰ ਚੁੱਕੇ ਹਨ ਕਿ ਉਨਾਂ ਨੂੰ ਦਿਨ ਵੇਲੇ ਬਿਜਲੀ ਸਪਲਾਈ ਨਹੀਂ ਆ ਰਹੀ ਹੈ ਤੇ ਜਦੋਂ ਸ਼ਾਮ ਨੂੰ ਦੁਕਾਨਾਂ ਬੰਦ ਕਰ ਦਿੱਤੀਆਂ ਜਾਂਦੀਆਂ ਹਨ ਤਾਂ ਉਸ ਵੇਲੇ ਬਿਜਲੀ ਸਪਲਾਈ ਚਾਲੂ ਕਰ ਦਿੱਤੀ ਜਾਂਦੀ ਹੈ। ਇਕ ਤਾਂ ਇਸ ਮੌਸਮ ਵਿਚ ਗਾਹਕਾਂ ਦੇ ਬਿਨਾਂ ਬਿਜਲੀ ਦੇ ਬੈਠਣਾ ਔਖਾ ਹੋ ਜਾਂਦਾ ਹੈ ਤੇ ਦੂਜਾ ਉਨਾਂ ਵਲੋਂ ਉਤਪਾਦ ਤਿਆਰ ਕਰਨ ਵਿਚ ਮੁਸ਼ਕਲ ਆਉਂਦੀ ਹੈ ਕਿਉਂਕਿ ਜ਼ਿਆਦਾਤਰ ਮਸ਼ੀਨਾਂ ਬਿਜਲੀ ਨਾਲ ਚੱਲਦੀਆਂ ਹਨ। ਉਨਾਂ ਦੇ ਕਾਰੋਬਾਰ ਦਾ ਭਾਰੀ ਨੁਕਸਾਨ ਹੋ ਰਿਹਾ ਹੈ